I/31594/2020
ਸੂਚਨਾ ਤੇ ਜ਼ਿਲਾ ਲੋਕ ਸੰਪਰਕ ਦਫਤਰ, ਫਾਜ਼ਿਲਕਾ
ਮਿਸ਼ਨ ਫਤਿਹ ਤਹਿਤ ਕੋਵਿਡ 19 ਬਾਰੇ ਲੋਕਾਂ ਨੰੂ ਜਾਗਰੂਕ ਕਰਨ ਲਈ
ਲਗਾਤਰ ਉਪਰਾਲੇ ਜਾਰੀ-ਡਿਪਟੀ ਕਮਿਸ਼ਨਰ
*ਦੁਕਾਨਦਾਰ ਗ੍ਰਾਹਕਾਂ ਨੂੰ ਮੂੰਹ ਢੱਕ ਕੇ ਦੁਕਾਨ ਦੇ ਅੰਦਰ ਆਉਣ ਲਈ ਪ੍ਰੇਰਿਤ ਕਰਨ
ਫਾਜਿਲਕਾ 6 ਜੂਨ:
ਮਿਸ਼ਨ ਫਤਿਹ ਤਹਿਤ ਜ਼ਿਲਾ ਵਾਸੀਆ ਨੰੂ ਕੋਵਿਡ 19 ਬਾਰੇ ਜਾਗਰੂਕ ਕਰਨ ਲਈ ਲਗਾਤਰ ਉਪਰਾਲੇ ਜਾਰੀ ਹਨ ਅਤੇ ਸ਼ਹਿਰ ਦੀ ਸਫ਼ਾਈ, ਮਾਸਕ ਪਾਉਣ ਅਤੇ ਸਾਮਾਜਿਕ ਦੂਰੀ ਬਾਰੇ ਸਮੇਂ ਸਮੇਂ ਪ੍ਰੇਰਿਤ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਨੇ ਦਿੱਤੀ। ਉਨਾਂ ਦੱਸਿਆ ਕਿ ਤਾਲਾਬੰਦੀ ਦੌਰਾਨ ਢਿੱਲ ਦਾ ਮਤਲਬ ਇਹ ਨਾ ਸਮਝਿਆ ਜਾਵੇ ਕਿ ਕਰੋਨਾ ਦਾ ਖਤਰਾ ਟਲ ਗਿਆ ਹੈ, ਬਲਕਿ ਪਹਿਲਾ ਤੋਂ ਹੋਰ ਵਧੇਰੇ ਸੁਚੇਤ ਰਹਿਣ ਦੀ ਲੋੜ ਹੈ। ਉਨਾਂ ਕਿਹਾ ਕਿ ਕਈਂ ਰਾਜਾਂ ਵਿੱਚ ਕਰੋਨਾ ਵਾਇਰਸ ਦੇ ਮਰੀਜ਼ਾਂ ਦੀ ਗਿਣਤੀ ਵੱਧ ਰਹੀ ਹੈ।
ਸ. ਸੰਧੂ ਨੇ ਜ਼ਿਲਾ ਵਾਸੀਆ ਨੰੂ ਅਪੀਲ ਕਰਦਿਆਂ ਕਿਹਾ ਕਿ ਜੇਕਰ ਅਸੀ ਚਾਹੰੁਦੇ ਹਾਂ ਕਿ ਅਸੀ ਸਾਰੇ ਕਰੋਨਾ ਤੋਂ ਬਚੇ ਰਹੀਏ, ਤਾਂ ਰਾਜ ਸਰਕਾਰ ਅਤੇ ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਅਤੇ ਸਾਵਧਾਨੀਆਂ ਵਰਤਣੀਆਂ ਪੈਣਗੀਆ। ਉਨਾਂ ਕਿਹਾ ਕਿ ਕੋਵਿਡ-19 ਨੂੰ ਫੈਲਣ ਤੋ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਜਨਤਕ ਥਾਵਾਂ ਤੇ ਮਾਸਕ ਪਾਉਣਾ ਲਾਜ਼ਮੀ ਕੀਤਾ ਹੈ ਅਤੇ ਥੁੱਕਣ ਦੀ ਮਨਾਹੀ ਹੈ, ਜਿਸਦੇ ਲਈ ਹਰੇਕ ਨਾਗਰਿਕ ਦਾ ਸਹਿਯੋਗ ਜਰੂਰੀ ਹੈ। ਉਹਨਾਂ ਕਿਹਾ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜੇਕਰ ਕਿਸੇ ਨੇ ਮਾਸਕ ਨਹੀਂ ਪਾਇਆ ਤਾਂ 500 ਰੁਪਏ, ਘਰ ਵਿੱਚ ਇਕਾਂਤਵਾਸ ਸਮੇਂ ਜੇਕਰ ਕੋਈ ਉਲੰਘਨਾ ਕਰਦਾ ਹੈ ਤਾਂ 2000 ਰੁਪਏ ਅਤੇ ਜੇਕਰ ਕੋਈ ਪਬਲਿਕ ਥਾਵਾਂ ਤੇ ਥੁੱਕਦਾ ਹੈ ਤਾਂ ਉਸ ਨੂੰ 500 ਰੁਪਏ ਤੱਕ ਦਾ ਜੁਰਮਾਨਾ ਕੀਤਾ ਜਾ ਸਕਦਾ ਹੈ। ਉਹਨਾ ਦੁਕਾਨਦਾਰਾਂ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਦੁਕਾਨਾਂ ਵਿੱਚ ਭੀੜ ਇਕੱਠੀ ਨਾ ਕਰਨ ਤਾਂ ਜੋ ਕੋਰੋਨਾ ਵਾਇਰਸ ਤੋਂ ਬਚਿਆ ਜਾ ਸਕੇ। ਉਨਾਂ ਕਿਹਾ ਕਿ ਦੁਕਾਨਾਂ ਦੇ ਅੰਦਰ ਆਉਣ ਵਾਲੇ ਗ੍ਰਾਹਕਾਂ ਦੇ ਲਈ ਸੈਨੇਟਾਈਜ਼ਰ ਦਾ ਵੀ ਇੰਤਜਾਮ ਕੀਤਾ ਜਾਵੇ ਅਤੇ ਗ੍ਰਾਹਕਾਂ ਨੂੰ ਮੂੰਹ ਢੱਕ ਹੀ ਦੁਕਾਨ ਦੇ ਅੰਦਰ ਆਉਣ ਲਈ ਪ੍ਰੇਰਿਤ ਕੀਤਾ ਜਾਵੇ।
ਇਸ ਮੌਕੇ ਸਿਵਲ ਸਰਜਨ ਡਾ. ਚੰਦਰ ਮੋਹਨ ਕਟਾਰੀਆ ਨੇ ਦੱਸਿਆ ਕਿ ਸਿਹਤ ਮੰਤਰੀ ਬਲਵੀਰ ਸਿਘ ਸਿੱਧੂ ਦੁਆਰਾ ਜਾਰੀ ਨਿਰਦੇਸ਼ਾਂ ਅਨੁਸਾਰ ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਹਰ ਵਿਅਕਤੀ ਨੂੰ ਘਰ ਤੋਂ ਬਾਹਰ ਜਾਣਾ ਲੱਗਿਆਂ ਤਿੰਨ ਪਰਤਾਂ ਵਾਲੇ ਮਾਸਕ ਜਾਂ ਸੂਤੀ ਕੱਪੜੇ ਦੇ ਬਣੇ ਮਾਸਕ ਦੀ ਵਰਤੋਂ ਕਰਨੀ ਲਾਜ਼ਮੀ ਹੈ। ਉਨਾਂ ਦੱਸਿਆ ਕਿ ਮਾਸਕ ਨੂੰ ਵਾਰ ਵਾਰ ਹੱਥ ਲਗਾਉਣਾ ਵੀ ਖਤਰਨਾਕ ਹੈ। ਉਨਾਂ ਕਿਹਾ ਕਿ ਜੇਕਰ ਕਿਸੇ ਸਮੇਂ ਕਿਸੇ ਕੋਲ ਮਾਸਕ ਉਪਲਬਧ ਨਹੀਂ ਹੈ ਤਾਂ ਰੁਮਾਲ, ਦੁਪੱਟਾ, ਪਰਨਾ ਜਾਂ ਸਟੌਲ ਨਾਲ ਮੂੰਹ ਅਤੇ ਨੱਕ ਨੂੰ ਢੱਕਣ ਲਈ ਵਰਤ ਸਕਦੇ ਹਨ।

I/31581/2020
ਸੂਚਨਾ ਤੇ ਜ਼ਿਲਾ ਲੋਕ ਸੰਪਰਕ ਦਫਤਰ, ਫ਼ਾਜਿਲਕਾ
ਮਿਸ਼ਨ ਫਤਹਿ ਤਹਿਤ ਪੰਜਾਬ ਰੋਡ ਵੇਜ ਸਬ ਡਿਪੂ ਫ਼ਾਜ਼ਿਲਕਾ ਵੱਲੋਂ ਵੱਖ-ਵੱਖ ਰੂਟਾਂ ’ਤੇ ਚਲਾਈਆਂ ਜਾ ਰਹੀਆਂ ਹਨ ਬੱਸਾਂ-ਜੀ.ਐਮ
*ਮੁਸਾਫਰਾਂ ਤੋਂ ਲਿਆ ਜਾ ਰਿਹਾ ਹੈ ਸਧਾਰਨ ਕਿਰਾਇਆ-ਅਰਵਿੰਦ ਕੁਮਾਰ ਸ਼ਰਮਾ
*22 ਮਈ ਤੋਂ ਹੁਣ ਤੱਕ 540 ਮੁਸਾਫਰਾਂ ਨੇ ਬੱਸਾਂ ਰਾਹੀੇ ਕੀਤਾ ਸਫ਼ਰ
ਫ਼ਾਜ਼ਿਲਕਾ, 6 ਜੂਨ
ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਸ਼ੁਰੂ ਕੀਤੇ ਮਿਸ਼ਨ ਫਤਿਹ ਤਹਿਤ ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਸ੍ਰੀ ਭੁਪਿੰਦਰ ਸਿੰਘ ਦੀ ਅਗਵਾਈ ਹੇਠ ਮੁਸਾਫਰਾਂ ਲਈ ਪੰਜਾਬ ਰੋਡਵੇਜ ਸਬ ਡਿਪੂ ਫ਼ਾਜ਼ਿਲਕਾ ਵੱਲੋਂ ਰੋਜ਼ਾਨਾਂ ਵੱਖ-ਵੱਖ ਰੂਟਾਂ ’ਤੇ ਬੱਸਾਂ ਚਲਾਈਆਂ ਜਾ ਰਹੀਆਂ ਹਨ। ਇਹ ਬਸ ਸਰਵਿਸ ਸਵੇਰੇ 7 ਵਜੇ ਤੋਂ ਸ਼ੁਰੂ ਹੋ ਕੇ ਸ਼ਾਮ 7 ਵਜੇ ਤੱਕ ਮੁਸਾਫਰਾਂ ਨੂੰ ਮੁਹੱਈਆ ਕਰਵਾਈ ਜਾ ਰਹੀ ਹੈ। ਮਿਸ਼ਨ ਫਤਿਹ ਤਹਿਤ 22 ਮਈ ਤੋਂ ਹੁਣ ਤੱਕ ਪੰਜਾਬ ਰੋਡਵੇਜ

ਸਬ ਡਿਪੂ ਫ਼ਾਜ਼ਿਲਕਾ ਦੀਆਂ ਬੱਸਾਂ ’ਤੇ 540 ਮੁਸਾਫਰ ਸਫਰ ਕਰ ਚੁੱਕੇ ਹਨ। ਇਹ ਜਾਣਕਾਰੀ ਪੰਜਾਬ ਰੋਡਵੇਜ ਸਬ ਡਿਪੂ ਫ਼ਾਜ਼ਿਲਕਾ ਦੇ ਜਨਰਲ ਮੈਨੇਜਰ ਸ੍ਰੀ ਅਰਵਿੰਦ ਕੁਮਾਰ ਸ਼ਰਮਾ ਨੇ ਦਿੱਤੀ।

ਜਨਰਲ ਮੈਨੇਜਰ ਨੇ ਸ੍ਰੀ ਸ਼ਰਮਾ ਨੇ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਕੋਵਿਡ-19 ਦੇ ਮੱਦੇਨਜ਼ਰ ਮਿਸ਼ਨ ਫਤਿਹ ਤਹਿਤ ਮੁਸਾਫਰਾਂ ਦੀ ਸਹੂਲਤ ਲਈ ਫ਼ਾਜ਼ਿਲਕਾ ਤੋਂ ਫਿਰੋਜਪੁਰ ਅਤੇ ਫ਼ਾਜ਼ਿਲਕਾ ਤੋਂ ਅਬੋਹਰ ਦੇ ਰੁਟਾਂ ’ਤੇ ਬੱਸਾਂ ਚਲਾਈਆਂ ਜਾਰਹੀਆਂ ਹਨ। ਉਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਹੋਰ ਰੂਟਾਂ ’ਤੇ ਵੀ ਬੱਸਾਂ ਚਲਾਈਆਂ ਜਾਣਗੀਆ। ਉਨਾਂ ਮੁਸਾਫਰਾਂ ਕੋਲੋਂ ਵੱਧ ਕਿਰਾਇਆ ਵਸੂਲਣ ਦੀਆਂ ਝੂਠੀਆਂ ਅਫਵਾਹਾਂ ਤੋਂ ਬਚਣ ਦੀ ਵੀ ਅਪੀਲ ਕੀਤੀ। ਉਨਾਂ ਦੱਸਿਆ ਕਿ ਮੁਸਾਫਰਾਂ ਤੋਂ ਸਾਧਾਰਨ ਕਿਰਾਇਆ ਹੀ ਲਿਆ ਜਾ ਰਿਹਾ ਹੈ।

ਉਨਾਂ ਇਹ ਵੀ ਦੱਸਿਆ ਕਿ ਮਿਸ਼ਨ ਫਤਿਹ ਤਹਿਤ ਸ਼ੁਰੂ ਕੀਤੀ ਬੱਸ ਸਰਵਿਸ ਦੌਰਾਨ ਸੈਨੇਟਾਈਜ਼ਰ ਵੀ ਵਿਸ਼ੇਸ਼ ਤੌਰ’ ਤੇ ਮੁਹੱਈਆ ਕਰਵਾਇਆ ਜਾ ਰਿਹਾ ਹੈ। ਉਨਾਂ ਬੱਸਾਂ ਵਿਚ ਸਫਰ ਕਰਦੇ ਸਾਰੇ ਮੁਸਾਫਰਾਂ ਨੂੰ ਮਾਸਕ ਲਗਾਉਣਾ ਲਾਜ਼ਮੀ ਹੋਵੇਗਾ ਜਿਸ ਦੇ ਲਈ ਸਮੇਂ ਸਮੇਂ ਮੁਸਾਫਰਾਂ ਨੂੰ ਬਕਾਇਦਾ ਜਾਗਰੂਕ ਵੀ ਕੀਤਾ ਜਾ ਰਿਹਾ ਹੈ। ਉਨਾਂ ਕਿਹਾ ਕਿ ਬੱਸਾਂ ਵਿਚ ਸਫਰ ਕਰਨ ਤੋਂ ਪਹਿਲਾਂ ਹਰ ਇਕ ਮੁਸਾਫਰ ਦੀ ਥਰਮਲਸਕੈਨਰ ਨਾਲ ਸਕੈਨਿੰਗ ਵੀ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਉਨਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਕੋਵਿਡ-19 ਸਬੰਧੀ ਜੋ ਵੀ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਹਨ, ਉਨਾਂ ਦੀ ਇੰਨ-ਬਿੰਨ ਪਾਲਣਾ ਵੀ ਕੀਤੀ ਜਾ ਰਹੀ ਹੈ।

1/31598/2020
ਸੂਚਨਾ ਤੇ ਜਿਲਾ ਲੋਕ ਸੰਪਰਕ ਦਫ਼ਤਰ, ਫਜ਼ਿਲਕਾ

ਜ਼ਿਲੇ ’ਚ ਇਕ ਹੋਰ ਕਰੋਨਾ ਪਾਜ਼ਿਟਿਵ ਕੇਸ ਆਇਆ-ਸਿਵਲ ਸਰਜਨ

*ਹੁਣ ਜ਼ਿਲੇ ’ਚ ਕੁੱਲ 4 ਕਰੋਨਾ ਐਕਟਿਵ ਕੇਸ ਹੋਏ

ਫਾਜ਼ਿਲਕਾ, 6 ਜੂਨ:

ਜ਼ਿਲਾ ਫਾਜ਼ਿਲਕਾ ਵਿੱਚ 1 ਮਹਿਲਾ ਦੀ ਰਿਪਰੋਟ ਕਰੋਨਾ ਪਾਜ਼ਿਟਿਵ ਪ੍ਰਾਪਤ ਹੋਈ ਹੈ। ਇਸ ਸਬੰਧੀ ਹੋਰ ਵਧੇਰੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਫਾਜ਼ਿਲਕਾ ਡਾ. ਚੰਦਰ ਮੋਹਨ ਕਟਾਰੀਆ ਨੇ ਦੱਸਿਆ ਕਿ ਪਾਜ਼ਿਟਿਵ ਆਉਣ ਵਾਲੀ ਮਹਿਲਾ ਦੀ ਉਮਰ ਕਰੀਬ 65 ਸਾਲ ਹੈ।

ਉਨਾਂ ਦੱਸਿਆ ਕਿ ਦਿੱਲੀ ਤੋਂ ਪਰਤੀ ਮਹਿਲਾ ਦੇ 4 ਜੂਨ ਨੂੰ ਸੈਂਪਲ ਲਿਆ ਗਿਆ ਸੀ, ਅਤੇ ਅੱਜ ਪ੍ਰਾਪਤ ਹੋਈ ਰਿਪੋਰਟ ਅਨੁਸਾਰ ਮਹਿਲਾ ਨੂੰ ਕਰੋਨਾ ਪਾਜ਼ਿਟਿਵ ਪਾਇਆ ਗਿਆ ਹੈ। ਉਨਾਂ ਦੱਸਿਆ ਕਿ ਹੁਣ ਜ਼ਿਲੇ ਅੰਦਰ 4 ਕਰੋਨਾ ਐਕਟਿਵ ਕੇਸ ਹੋ ਗਏ ਹਨ। ਮਹਿਲਾ ਨੂੰ ਸਿਵਲ ਹਸਪਤਾਲ ਜਲਾਲਾਬਾਦ ਆਈਸੋਲੇਸ਼ਨ ਸੈਂਟਰ ਵਿੱਚ ਸ਼ਿਫ਼ਟ ਕਰ ਦਿੱਤਾ ਗਿਆ ਹੈ।

ਉਨਾਂ ਕਿਹਾ ਕਿ ਜਨਤਕ ਥਾਂਵਾਂ ਤੇ ਮਾਸਕ ਲਾਜਮੀ ਪਾ ਕੇ ਰੱਖਿਆ ਜਾਵੇ ਅਤੇ ਇਕ ਦੂਜੇ ਤੋਂ 6 ਫ਼ੁੱਟ ਦੀ ਦੂਰੀ ਬਣਾਉਣੀ ਯਕੀਨੀ ਬਣਾਈ ਜਾਵੇ। ਇਸ ਤੋਂ ਇਲਾਵਾ ਬੱਚਿਆਂ ਤੇ ਬਜੁਰਗਾਂ ਨੂੰ ਘਰ ਤੋਂ ਬਾਹਰ ਨਹੀ ਨਿਕਲਣਾ ਚਾਹੀਦਾ। ਉਨਾਂ ਲੋਕਾਂ ਨੰੂ ਸਿਹਤ ਵਿਭਾਗ ਨੂੰ ਸਹਿਯੋਗ ਕਰਨ ਦੀ ਅਪੀਲ ਕੀਤੀ।

I/31629/2020
ਸੂਚਨਾ ’ਤੇ ਜ਼ਿਲਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

ਮਿਸ਼ਨ ਫਤਹਿ ਤਹਿਤ ਬਿਹਾਰ ਅਤੇ ਪੱਛਮੀ ਬੰਗਾਲ ਦੇ 79 ਪ੍ਰਵਾਸੀ ਬੱਸਾਂ ਰਾਹੀ ਲੁਧਿਆਣਾ ਰੇਲਵੇ ਸਟੇਸ਼ਨ ਭੇਜੇ-ਡਿਪਟੀ ਕਮਿਸ਼ਨਰ

*ਲੁਧਿਆਣਾ ਤੋਂ ਵਿਸ਼ੇਸ ਰੇਲਾਂ ਰਾਹੀ ਆਪਣੇ ਘਰਾਂ ਨੰੂ ਪਰਤਣਗੇ ਪ੍ਰਵਾਸੀ

ਫਾਜ਼ਿਲਕਾ, 6 ਜੂਨ:

ਕੋਵਿਡ 19 ਦੇ ਮੱਦੇਨਜ਼ਰ ਜ਼ਿਲਾ ਫਾਜ਼ਿਲਕਾ ਵਿਖੇ ਕਰਫਿਊ ਅਤੇ ਲਾਕਡਾਊਨ ਦੀ ਸਥਿਤੀ ਕਾਰਣ ਫਸੇ ਪੱਛਮੀ ਬੰਗਾਲ ਅਤੇ ਬਿਹਾਰ ਦੇ 79 ਪ੍ਰਵਾਸੀਆ ਨੂੰਮਿਸ਼ਨ ਫਤਹਿ ਤਹਿਤ ਬੱਸਾਂ ਰਾਹੀ ਲੁਧਿਆਣਾ ਰੇਲਵੇ ਸਟੇਸ਼ਨ ’ਤੇ ਰਵਾਨਾ ਕੀਤਾ ਗਿਆ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਨੇ ਦਿੱਤੀ। ਉਨਾਂ ਦੱਸਿਆ ਇਹਨਾ ਪ੍ਰਵਾਸੀਆਂ ਵੱਲੋਂ ਂ www.covidhelp.punjab.gov.in ਵੈਬਸਾਈਟ ’ਤੇ ਰਜਿਸਟ੍ਰੇਸ਼ਨ ਕਰਵਾਈ ਗਈ ਸੀ।

ਸ੍ਰ. ਸੰਧੂ ਨੇ ਦੱਸਿਆ ਕਿ ਪੱਛਮੀ ਬੰਗਾਲ ਦੇ 36 ਅਤੇ ਬਿਹਾਰ ਦੇ 43 ਪ੍ਰਵਾਸੀ ਲੁਧਿਆਣਾ ਤੋਂ ਵੱਖ ਵੱਖ ਸਮੇਂ ’ਤੇ ਚਲਣ ਵਾਲੀਆ ਸਪੈਸ਼ਲ ਰੇਲਗੱਡੀਆ ਰਾਹੀ ਆਪਣੇ ਘਰਾਂ ਨੰੂ ਪਰਤ ਜਾਣਗੇ। ਉਨਾਂ ਦੱਸਿਆ ਕਿ ਮਿਸ਼ਨ ਫਤਿਹ ਮੁਹਿੰਮ ਨੰੂ ਹੋਰ ਵਧੇਰੇ ਪਾਰਦਰਸ਼ੀ ਬਣਾਉਣ ਲਈ ਸਾਰੇ ਪ੍ਰਵਾਸੀਆ ਦੀ ਸਕਰੀਨਿੰਗ ਕਰਵਾਈ ਗਈ ਹੈ। ਉਨਾਂ ਦੱਸਿਆ ਕਿ ਬੱਸਾਂ ਨੂੰ ਬਕਾਇਦਾ ਸੈਨੀਟਾਈਜ ਕੀਤਾ ਗਿਆ ਸੀ। ਉਨਾਂ ਦੱਸਿਆ ਕਿ ਪ੍ਰਵਾਸੀਆ ਲਈ ਖਾਣੇ ਦੇ ਪੈਕਟ ਪੀਣ ਵਾਲੇ ਪਾਣੀ ਆਦਿ ਦੇ ਪ੍ਰਬੰਧਾਂ ਦਾ ਵਿਸੇਸ ਧਿਆਨ ਰੱਖਿਆ ਗਿਆ ਹੈ।ਬੱਸਾਂ ਰਾਹੀ ਰੇਲਵੇ ਸਟੇਸ਼ਨ ਲੁਧਿਆਣਾ ਤੱਕ ਪਹੰੁਚਾਉਣ ਅਤੇ ਅੱਗੇ ਘਰਾਂ ਨੰੂ ਵਾਪਸੀ ਲਈ ਕੀਤੇ ਪ੍ਰਬੰਧਾਂ ’ਤੇ ਸੰਤੁਸ਼ਟੀ ਜ਼ਾਹਿਰ ਕਰਦਿਆ ਪ੍ਰਵਾਸੀਆ ਵੱਲੋਂ ਪੰਜਾਬ ਸਰਕਾਰ ਅਤੇ ਜ਼ਿਲਾ ਪ੍ਰਸ਼ਾਸਨ ਦਾ ਧੰਨਵਾਦ ਕੀਤਾ।

I/31683/2020

ਸੂਚਨਾ’ਤੇ ਜ਼ਿਲਾ ਲੋਕ ਸੰਪਕਰ ਦਫ਼ਤਰ, ਫਾਜ਼ਿਲਕਾ

ਵਿਧਾਇਕ ਦਵਿੰਦਰ ਘੁਬਾਇਆ ਨੇ ਵੱਖ-ਵੱਖ ਪਿੰਡਾਂ ਦੇ 18 ਲੱਖ 50 ਹਜ਼ਾਰ ਦੇ ਮੁਕੰਮਲ ਹੋਏ ਵਿਕਾਸ ਕਾਰਜ਼ਾਂ ਦਾ ਕੀਤਾ ਉਦਘਾਟਨ

*ਹਲਕਾ ਨਿਵਾਸੀਆਂ ਨੂੰ ਲੋਕ ਹਿੱਤ ਲਈ ਸੁਰੂ ਕੀਤੇ ਮਿਸ਼ਨ ਫਤਿਹ ਮੁਹਿੰਮ ’ਚ  ਸਹਿਯੋਗ ਕਰਨ ਦੀ ਅਪੀਲ

ਫਾਜ਼ਿਲਕਾ, 6 ਜੂਨ:

ਕੋਵਿਡ 19 ਸੰਕਟ ਦੇ ਬਾਵਜੂਦ ਹਲਕਾ ਫਾਜ਼ਿਲਕਾ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾ ਅਤੇ ਵਿਕਾਸ ਕਾਰਜ਼ਾਂ ਦੀ ਰਫ਼ਤਾਰ ਅੰਦਰ ਮੁੜ ਤੇਜ਼ੀ ਲਿਆਉਣ ’ਚ ਕੋਈ ਕਸਰ ਬਾਕੀ ਨਹੀ ਰਹਿਣ ਦਿੱਤੀ ਜਾਵੇਗੀ। ਇਹਨਾਂ ਵਿਚਾਰਾ ਦਾ ਪ੍ਰਗਟਾਵਾ ਵਿਧਾਇਕ ਫਾਜ਼ਿਲਕਾ ਸ੍ਰ.ਦਵਿੰਦਰ ਸਿੰਘ ਘੁਬਾਇਆ ਨੇ ਵੱਖ-ਵੱਖ ਪਿੰਡਾਂ ਅੰਦਰ ਕਰੀਬ 18 ਲੱਖ 50 ਹਜ਼ਾਰ ਰੁਪਏ ਦੀ ਲਾਗਤ ਨਾਲ ਇੰਟਰ ਲਾਕਿੰਗ ਟਾਇਲਾਂ ਮੁਕੰਮਲ ਹੋਏ ਕੰਮਾਂ ਦਾ ਉਦਘਾਟਨ ਕਰਨ ਵੇਲੇ ਕੀਤਾ।

ਸ੍ਰ.ਘੁਬਾਇਆ ਨੇ ਕਿਹਾ ਕਿ ਪਿੰਡ ਲੱਖੇ ਵਾਲੀ ਢਾਬ ਦੀ ਗਲੀ/ਫਿਰਨੀ ਦਾ 6 ਲੱਖ 50 ਹਜ਼ਾਰ ਅਤੇ ਪਿੰਡ ਬਾਂਡੀ ਵਾਲਾ ਦੀ ਗਲੀਆ ਨਾਲੀਆ ਦੇ 12 ਲੱਖ ਰੁਪਏ ਦੀ ਲਾਗਤ ਨਾਲ ਕੰਮ ਮੁਕੰਮਲ ਕਰਵਾਇਆ ਗਿਆਹੈ। ਉਨਾਂ ਕਿਹਾ ਕਿ ਹਲਕੇ ਦੇ ਪਿੰਡਾਂ ਨੂੰ ਸ਼ਹਿਰਾਂ ਦੀ ਤਰਜ਼ ’ਤੇ ਮੁੱਢਲੀਆ ਸਹੂਲਤਾਂ ਮੁਹੱਈਆ ਕਰਵਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ, ਤਾਂ ਜੋ ਪਿੰਡਾਂ ਅਤੇ ਸ਼ਹਿਰਾਂ ਦੇ ਪਾੜੇ ਨੂੰ  ਖਤਮ ਕੀਤਾ ਜਾ ਸਕੇ।

ਸ੍ਰ. ਘੁਬਾਇਆ ਨੇ ਦੋਵੇਂ ਪਿੰਡਾਂ ਅੰਦਰ ਉਦਘਾਟਨ ਮੌਕੇ ਹਲਕਾ ਨਿਵਾਸੀਆਂ ਨੂੰ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵੱਲੋਂ ਲੋਕ ਹਿੱਤ ਲਈ ਚਲਾਈ ਮਿਸ਼ਨ ਫਤਿਹ ਮੁਹਿੰਮ ਨੂੰ  ਸਹਿਯੋਗ ਕਰਨ ਦੀ ਅਪੀਲ ਕੀਤੀ। ਉਨਾਂ ਲੋਕਾਂ ਨੂੰ ਹੱਥ ਸਾਫ਼ ਕਰਨ ਅਤੇ ਸੈਨੀਟਾਈਜ਼ਰ ਦੀ ਵਰਤੋਂ ਕਰਨ ਅਤੇ ਆਪਸੀ ਦੂਰੀ ਬਣਾਉਣ ਲਈ ਪ੍ਰੇਰਿਤ ਕੀਤਾ। ਉਨਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਵੱਲੋਂ ਲਗਾਤਾਰ ਲੋਕਾ ਨੂੰ  ਕੋਵਿਡ 19 ਦੇ ਪ੍ਰਕੋਪ ਤੋਂ ਬਚਾਉਣ ਅਤੇ ਇਸਦੇ ਫੈਲਾਅ ਨੂੰ ਰੋਕਣ ਲਈ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦੇ ਲਈ ਹਰੇਕ ਵਿਅਕਤੀ ਦੀ ਨਿੱਜੀ ਜਿੰਮੇਵਾਰੀ ਬਣਦੀ ਹੈ ਬਾਹਰ ਨਿਕਲਣ ਵੇਲੇ ਮਾਸਕ ਪਾਉਣ, ਜਨਤਕ ਥਾਵਾਂ ਤੇ ਨਾ ਥੁੱਕਣ ਅਤੇ ਇਕੱਠ ਵਾਲੀਆਂ ਥਾਵਾਂ ਤੇ ਜਾਣ ਤੋਂ ਗੁਰੇਜ਼ ਕੀਤਾਜਾਵੇ।

ਇਸ ਮੌਕੇ ਕੁਲਦੀਪ ਸਿੰਘ ਸਰਪੰਚ ਲੱਖੇ ਵਾਲੀ ਢਾਬ,  ਗੁਰਜੀਤ ਸਿੰਘ ਸਰਪੰਚ ਬਾਂਡੀਵਾਲਾ, ਜੋਗਿੰਦਰਸਿੰਘ, ਪ੍ਰੇਮ ਕੁਲਰੀਆ ਚੇਅਰਮੈਨ ਮਾਰਕੀਟ ਕਮੇਟੀ, ਬਿੱਟੂ ਬਾਂਡੀਵਾਲਾ ਵਾਇਸ ਚੇਅਰਮੈਨ ਮਾਰਕੀਟ ਕਮੇਟੀ,ਡੀ.ਐਸ.ਪੀ. ਲਖਬੀਰ ਸਿੰਘ ਸੰਧੂ, ਗੁਰਮੀਤ ਸਿੰਘ ਪੰਚਾਇਤ ਸਕੱਤਰ, ਗਿਆਨ ਸਿੰਘ ਪੰਚਾਇਤ ਸਕੱਤਰ, ਨੀਲਾ ਮਦਾਨ, ਰਾਹੁਲ ਕੁੱਕੜ,

ਰਮਨ ਸਰਪੰਚ ਖਿਓ ਵਾਲੀ ਢਾਬ, ਵਿਪਨ ਰਿਣਵਾ ਸਰਪੰਚ ਮੁਰਾਦ ਵਾਲਾ, ਇੰਦਰ ਪ੍ਰਹਲਾਦ, ਕਮਲਾ ਰਾਣੀ ਪੰਚ, ਪ੍ਰੋ ਕੰਵਲਪ੍ਰੀਤ ਸਿੰਘ, ਸਰਪੰਚ ਸਾਜਨ, ਫੁੱਲ ਚੰਦ, ਜਗਦੀਸ਼ ਲਾਲ, ਅਸ਼ੋਕ ਕੁਮਾਰ, ਕ੍ਰਿਪਾਲ ਸਿੰਘ, ਤਾਰਾ ਚੰਦ, ਪ੍ਰਸ਼ੋਤਮ ਕੰਬੋਜ਼, ਕਸ਼ਮੀਰ ਸਿੰਘ, ਤਾਰਾਚੰਦ ਅਤੇ ਹੋਰ ਪਤਵੰਤੇ ਹਾਜਰ ਸਨ।